I/30179/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਕੋਵਿਡ ਖ਼ਿਲਾਫ਼ 'ਮਿਸ਼ਨ ਫਤਿਹ' ਨੂੰ ਜ਼ਮੀਨੀ ਪੱਧਰ ਉਤੇ ਲੈ ਜਾਣ ਲਈ ਸੂਬਾ ਸਰਕਾਰ ਵੱਲੋਂ ਮਹੀਨਾ ਭਰ ਚੱਲਣ ਵਾਲੀ ਜਾਗਰੂਕਤਾ ਮੁਹਿੰਮ ਸ਼ੁਰੂ-ਵਿਧਾਇਕ ਪਾਹੜਾ

ਮਾਸਕ ਪਾਉਣ, ਹੱਥ ਧੋਣ, ਸਮਾਜਕ ਦੂਰੀ ਬਣਾ ਕੇ ਰੱਖਣ, ਬਜ਼ੁਰਗਾਂ ਦੀ ਦੇਖਭਾਲ, ਇਲਾਕੇ ਵਿਚ ਬਾਹਰੀ ਲੋਕਾਂ ਦੇ ਦਾਖ਼ਲੇ ਪ੍ਰਤੀ ਜਾਗਰੂਕ ਰਹਿਣ ਪ੍ਰਤੀ ਕੀਤਾ ਜਾਵੇਗਾ ਜਾਗਰੂਕ

ਗੁਰਦਾਸਪੁਰ, 2 ਜੂਨ ( ) ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਵਿਡ ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਮਹੀਨਾ ਭਰ ਚੱਲਣ ਵਾਲੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਕਿ ਇਸ ਮਹਾਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਈ ਜਾ ਸਕੇ।

ਵਿਧਾਇਕ ਪਾਹੜਾ ਨੇ ਦੱਸਿਆ ਕਿ ਇਹ ਮੁਹਿੰਮ 'ਮਿਸ਼ਨ ਫ਼ਤਿਹ' ਦਾ ਘੇਰਾ ਵਿਸ਼ਾਲ ਕਰਦਿਆਂ ਇਸ ਨੂੰ ਕੋਵਿਡ ਖ਼ਿਲਾਫ਼ ਜੰਗ ਦੇ ਮੋਹਰੀ ਜੰਗਜੂਆਂ ਤੋਂ ਅੱਗੇ ਲੈ ਕੇ ਜਾਏਗੀ ਅਤੇ ਪੰਜਾਬ ਦੇ ਲੋਕਾਂ ਨੂੰ ਆਪਣੇ ਕਲਾਵੇ ਵਿੱਚ ਲੈਂਦਿਆਂ ਇਸ ਲੜਾਈ ਨੂੰ ਲੋਕਾਂ ਦੀ, ਲੋਕਾਂ ਵੱਲੋਂ ਅਤੇ ਲੋਕਾਂ ਲਈ ਲੜਾਈ ਬਣਾਏਗੀ। 'ਮਿਸ਼ਨ ਫ਼ਤਿਹ' ਨੂੰ ਅਨੁਸ਼ਾਸਨ, ਸਹਿਯੋਗ ਤੇ ਹਮਦਰਦੀ ਰਾਹੀਂ ਨੋਵਲ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਦੇ ਲੋਕਾਂ ਦੀ ਪ੍ਰਤੀਬੱਧਤਾ ਦਾ ਪ੍ਰਤੀਕ ਦੱਸਦਿਆਂ ਉਨਾਂ ਨੇ ਸਾਰੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਉਤੇ ਜ਼ੋਰ ਦਿੱਤਾ। ਉਨ•ਾਂ ਕਿਹਾ ਕਿ ਲੌਕਡਾਊਨ ਰੋਕਾਂ ਦੀ ਪਾਲਣਾ ਰਾਹੀਂ ਲੋਕ ਸੂਬਾ ਸਰਕਾਰ ਨੂੰ ਸਹਿਯੋਗ ਦੇਣ ਅਤੇ ਗਰੀਬਾਂ ਪ੍ਰਤੀ ਹਮਦਰਦੀ ਦਿਖਾਉਣ। ਇਹੀ ਪੰਜਾਬੀਅਤ ਦੀ ਭਾਵਨਾ ਦੀ ਅਸਲ ਤਰਜ਼ਮਾਨੀ ਹੋਵੇਗੀ, ਜਿਸ ਰਾਹੀਂ ਅਸੀਂ ਸਾਰੀਆਂ ਮੁਸ਼ਕਲਾਂ ਨਾਲ ਜੂਝ ਕੇ ਜੇਤੂ ਵਜੋਂ ਉਭਰਾਂਗੇ।

ਵਿਧਾਇਕ ਪਾਹੜਾ ਨੇ ਦੱਸਿਆ ਕਿ ਇਸ ਮੁਹਿੰਮ ਦੇ ਹਿੱਸੇ ਵਜੋਂ ਲੜੀਵਾਰ ਗਤੀਵਿਧੀਆਂ ਵਿੱਢੀਆਂ ਜਾਣਗੀਆਂ ਜੋ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਨਾਲ-ਨਾਲ ਵੱਖ-ਵੱਖ ਐਨ.ਜੀ.ਓਜ਼, ਦਾਨੀ ਸੰਸਥਾਵਾਂ ਅਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਚਲਾਈਆਂ ਜਾਣਗੀਆਂ ਜਿਨ•ਾਂ ਨੂੰ ਆਪਣੇ ਇਲਾਕਿਆਂ ਵਿਚ ਇਸੇ ਤਰ•ਾਂ ਦੀਆਂ ਮੁਹਿੰਮਾਂ ਚਲਾਉਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਸੂਬੇ ਦੇ ਸਾਰੇ ਵਿਭਾਗ ਇਕੱਠੇ ਹੋ ਕੇ ਸੂਬੇ ਵਿੱਚ ਸਕਾਰਾਤਮਕ ਮਾਹੌਲ ਸਿਰਜਣ ਲਈ ਇਕਜੁੱਟ ਹੋ ਕੇ ਕੰਮ ਕਰਨਗੇ ਤਾਂ ਜੋ ਲੋਕਾਂ ਨੂੰ ਅੱਗੇ ਵਧਣ ਅਤੇ ਮਿਸ਼ਨ ਫਤਿਹ ਨੂੰ ਸਫਲ ਬਣਾਉਣ

ਵਿੱਚ ਮਦਦ ਕੀਤੀ ਜਾ ਸਕੇ।

ਉਨਾਂ ਦੱਸਿਆ ਕਿ ਮੁਹਿੰਮ ਨੂੰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਢੰਗ ਨਾਲ ਲਾਗੂ ਕਰਨ ਲਈ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਮਾਸਕ ਪਾਉਣ, ਹੱਥ ਧੋਣ, ਸਮਾਜਕ ਦੂਰੀ ਬਣਾ ਕੇ ਰੱਖਣ, ਬਜ਼ੁਰਗਾਂ ਦੀ ਦੇਖਭਾਲ, ਇਲਾਕੇ ਵਿਚ ਬਾਹਰੀ ਲੋਕਾਂ ਦੇ ਦਾਖ਼ਲੇ ਪ੍ਰਤੀ ਜਾਗਰੂਕ ਰਹਿਣ, ਵਾਇਰਸ ਦੀ ਲਾਗ ਤੋਂ ਪ੍ਰਭਾਵਿਤ ਮਰੀਜ਼ਾਂ ਦਾ ਪਤਾ ਲਗਾਉਣ ਅਤੇ ਉਨ•ਾਂ ਤੋਂ ਸੁਰੱਖਿਅਤ ਦੂਰੀ ਬਣਾ ਕੇ ਰੱਖਣ ਲਈ ਕੋਵਾ ਐਪ ਦੀ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਗਤੀਵਿਧੀਆਂ ਦਾ ਇਕ ਵਿਆਪਕ ਰੋਡ-ਮੈਪ ਤਿਆਰ ਕੀਤਾ ਹੈ। ਧਿਆਨ ਕੇਂਦਰਿਤ ਕਰਨ ਵਾਲੇ ਹੋਰ ਖੇਤਰਾਂ ਵਿੱਚ ਘਰੇਲੂ ਇਕਾਂਤਵਾਸ ਦੀ ਮਹੱਤਤਾ, ਫਲੂ ਦੇ ਲੱਛਣਾਂ ਅਤੇ ਉਸ ਤੋਂ ਬਾਅਦ ਦੀਆਂ ਕਿਰਿਆਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ, ਲੌਕਡਾਉਨ 5.0 ਦੌਰਾਨ ਪਾਬੰਦੀਆਂ ਅਤੇ ਉਲੰਘਣਾ ਦੇ ਮਾਮਲੇ ਵਿੱਚ ਜ਼ੁਰਮਾਨੇ, ਮਹਾਮਾਰੀ ਵਿਰੁੱਧ ਮਿਲ ਕੇ ਲੜਨ ਲਈ ਸਮਾਜ ਦੀ ਲਾਮਬੰਦੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸ਼ਾਮਲ ਹੈ।

ਵਿਧਾਇਕ ਪਾਹੜਾ ਨੇ ਦੱਸਿਆ ਕਿ ਵਾਇਰਸ ਦੇ ਖਤਰੇ ਨੂੰ ਪਛਾਣਨ 'ਤੇ ਜ਼ੋਰ ਦਿੱਤਾ ਜਾਵੇਗਾ ਜਿਸ ਨਾਲ ਲੋਕਾਂ ਨੂੰ ਗੰਭੀਰ ਖਤਰੇ ਹੁੰਦੇ ਆ ਰਹੇ ਹਨ। ਲੋਕਾਂ ਨੂੰ ਉਦਾਹਰਨ ਦੇ ਕੇ ਅਗਵਾਈ ਕਰਨ ਲਈ ਉਤਸ਼ਾਹਤ ਕੀਤਾ ਜਾਵੇਗਾ ਅਤੇ ਦੂਜਿਆਂ ਨੂੰ ਸਾਵਧਾਨੀਆਂ ਬਾਰੇ ਤੇ ਉਨ•ਾਂ ਦੇ ਧਿਆਨ ਵਿੱਚ ਆਉਣ ਵਾਲੀਆਂ ਉਲੰਘਣਾਵਾਂ ਦੀ ਰਿਪੋਰਟ ਕਰਨ ਬਾਰੇ ਸਲਾਹ ਦਿੱਤੀ।

------------

I/30182/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

' ਮਿਸ਼ਨ ਫਤਿਹ'

'ਮਿਸ਼ਨ ਫਤਿਹ' ਤਹਿਤ ਜ਼ਿਲਾ ਵਾਸੀਆਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤਾ ਜਾਵੇਗਾ ਜਾਗਰੂਕ-ਡਿਪਟੀ ਕਮਿਸ਼ਨਰ

ਗੁਰਦਾਸਪੁਰ, 2 ਜੂਨ ( ) ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਸੂਬਾ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ 'ਮਿਸ਼ਨ ਫ਼ਤਿਹ' ਦਾ ਅਗਾਜ਼ ਕੀਤਾ ਗਿਆ ਹੈ, ਜਿਸ ਤਹਿਤ ਮਹਾਂਮਾਰੀ ਸਬੰਧੀ ਲੋਕਾਂ ਨੂੰ ਵਿਆਪਕ ਪੱਧਰ ਉਤੇ ਜਾਗਰੂਕ ਕੀਤਾ ਜਾਵੇਗਾ ਅਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਵੱਖ-ਵੱਖ ਪੱਧਰ ਤੇ ਜਾਗਰੂਕ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਨੇ ਕਿਹਾ ਕਿ ਕੋਰੋਨਾ ਵਾਇਰਸ ਇੱਕ ਜਾਨਲੇਵਾ ਵਾਇਰਸ ਹੈ ਅਤੇ ਜੇਕਰ ਹਰ ਵਿਅਕਤੀ ਇਸ ਵਾਇਰਸ ਨੂੰ ਖਤਮ ਕਰਨ ਵਿੱਚ ਸਹਿਯੋਗ ਕਰੇ ਤਾਂ ਅਸਾਨੀ ਨਾਲ ਕੋਰੋਨਾ ਦੀ ਜੰਗ ਜਿੱਤੀ ਜਾ ਸਕਦੀ ਹੈ। ਉਨਾਂ ਕਿਹਾ ਕਿ ਲੋਕ ਆਪਣੇ ਰੋਜ਼ਮਰਾਂ ਦੇ ਕੰਮਾਂ-ਕਾਰਾਂ ਦੀ ਲਈ ਘਰ ਤੋਂ ਬਾਹਰ ਆ ਰਹੇ ਹਨ, ਅਜਿਹੇ ਵਿੱਚ ਹਰ ਵਿਅਕਤੀ ਦੀ ਜਿੰਮੇਵਾਰੀ ਪਹਿਲਾਂ ਨਾਲੋਂ ਵੀ ਵੱਧ ਜਾਂਦੀ ਹੈ ਕਿ ਉਹ ਕੋਰੋਨਾ ਤੋਂ ਬਚਣ ਦੀਆਂ ਸਾਵਧਾਨੀਆਂ ਦੀ ਪਾਲਣਾ ਕਰੇ। ਉਨਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਘਰ ਤੋਂ ਬਾਹਰ ਜਾਣ ਲੱਗਿਆ ਮਾਸਕ ਪਾਇਆ ਜਾਵੇ ਅਤੇ ਉਚਿਤ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ। ਉਨਾਂ ਕਿਹਾ ਕਿ ਜਨਤਕ ਥਾਂ 'ਤੇ ਥੁੱਕਣ ਦੀ ਵੀ ਮਨਾਹੀ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਲੋਕ ਘਰਾਂ ਵਿਚ ਰਹਿਣ ਨੂੰ ਤਰਜੀਹ ਦੇਣ ਅਤੇ ਜਰੂਰੀ ਕੰਮ ਹੋਣ 'ਤੇ ਹੀ ਘਰੋਂ ਬਾਹਰ ਨਿਕਲਣ ਅਤੇ ਉਸ ਸਮੇਂ ਮਾਸਕ ਦੀ ਲਾਜ਼ਮੀ ਤੌਰ 'ਤੇ ਵਰਤੋਂ ਯਕੀਨੀ ਬਣਾਏ ਜਾਵੇ। ਉਨਾਂ ਕਿਹਾ ਕਿ ਸ਼ੋਸਲ ਡਿਸਟੈਂਸ ਮੈਨਟੇਨ ਰੱਖਕੇ ਕੋਰੋਨਾ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ।

--------------

I/30190/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਜਿਲੇ ਅੰਦਰ 3724 ਸ਼ੱਕੀ ਮਰੀਜਾਂ ਵਿਚੋਂ 3195 ਮਰੀਜਾਂ ਦੀ ਰਿਪੋਰਟ ਨੈਗਟਿਵ

ਗੁਰਦਾਸਪੁਰ, 2 ਜੂਨ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਕੋਰੋਨਾ ਪੀੜਤ 09 ਐਕਟਿਵ ਮਰੀਜਾਂ ਵਿਚੋਂ 03 ਕੋਰੋਨਾ ਵਾਇਰਸ ਪੀੜਤਾਂ ਨੂੰ ਘਰ ਭੇਜ (home isolation) ਦਿੱਤਾ ਗਿਆ। ਜ਼ਿਲੇ ਅੰਦਰ ਹੁਣ ਕੁਲ 06 ਐਕਟਿਵ ਕੋਰੋਨਾ ਪੀੜਤ ਰਹਿ ਗਏ ਹਨ।

ਉਨਾਂ ਅੱਗੇ ਦੱਸਿਆ ਕਿ ਜਿਲੇ ਅੰਦਰ 3724 ਸ਼ੱਕੀ ਮਰੀਜਾਂ ਵਿਚੋਂ 3195 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 141 ਕੋਰੋਨਾ ਪੀੜਤ, 384 ਪੈਂਡਿੰਗ ਅਤੇ 04 ਸੈਂਪਲ ਰਿਜੈਕਟ ਹੋਏ ਹਨ। ਜ਼ਿਲੇ ਅੰਦਰ 141 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ। 132 ਘਰਾਂ ਨੂੰ ਭੇਜੇ ਗਏ ਹਨ (122 ਠੀਕ ਹੋਏ ਹਨ, 10 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)। 03 ਪੀੜਤ ਧਾਰੀਵਾਲ ਅਤੇ 03 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇ੍ਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਮਾਸਕ ਜਰੂਰ ਤੌਰ 'ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ ।